

ਜਗਰਾਉਂ
ਅਜੀਤ, ਜਲੰਧਰ
ਅਜੀਤ
ਸੋਮਵਾਰ, 20 ਅਕਤੂਬਰ 2025






## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 **ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼** ਤੇ 21 **ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ :** **20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ** ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

# ਕਾਲਜ ਆਫ਼ ਐਜੂਕੇਸ਼ਨ ਵਿਖੇ 7 ਰੋਜ਼ਾ ਐੱਨ.ਐੱਸ.ਕੈਂਪ ਸਮਾਪਤ

## • ਚੇਅਰਮੈਨ ਤੇਜਪਾਲ ਗਿੱਲ, ਦਵਿੰਦਰ ਸਿੰਘ ਲੋਟੇ, ਡਾ: ਸੰਜੀਵ ਚੋਪੜਾ ਦਾ ਸਨਮਾਨ

ਗੁਰੂਸਰ ਸੁਧਾਰ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)-ਜੀ.ਐੱਚ.ਜੀ. ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਗੁਰੂਸਰ ਸੁਧਾਰ ਵਿਖੇ 'ਸਾਫ਼ ਭਾਰਤ ਅਤੇ ਹਰਾ ਭਾਰਤ' ਵਿਸ਼ੇ ਤਹਿਤ ਸੱਤ ਰੋਜ਼ਾ ਐੱਨ.ਐੱਸ.ਕੈਂਪ ਸਮਾਪਤ ਹੋ ਗਿਆ। ਕਾਲਜ ਦੀ ਐੱਨ.ਐੱਸ.ਐੱਸ. ਯੂਨਿਟ ਵਲੋਂ ਲਗਾਏ ਇਸ ਕੈਂਪ ਵਿਚ 65 ਵਲੰਟੀਅਰਜ਼ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਿੰ: ਸੁਰਜੀਤ ਸਿੰਘ ਦੌਧਰ ਵਲੋਂ ਉਦਘਾਟਨ ਨਾਲ ਸ਼ੁਰੂ ਹੋਏ ਇਸ ਕੈਂਪ ਵਿਚ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ: ਮਿੰਨੀ ਸ਼ਰਮਾ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਵਿਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਵਲੰਟੀਅਰਜ਼ ਨੇ ਕੈਂਪ ਦੌਰਾਨ ਪੋਸਟਰ ਬਨਾਉਣ, ਐਕਸਟੈਂਸ਼ਨ ਲੈਕਚਰ, ਪੌਦੇ ਲਗਾਉਣ, ਸਫ਼ਾਈ ਅਭਿਆਨ, ਯੋਗਾ ਕੈਂਪ, ਜਾਗਰੂਕਤਾ ਰੈਲੀ ਆਦਿ ਵਿਚ ਹਿੱਸਾ ਲੈਂਦਿਆਂ ਲੁਧਿਆਣਾ ਦੇ ਪੀ.ਏ.ਯੂ. ਸਾਰਸ ਮੇਲੇ 'ਚ ਵੀ ਸ਼ਿਰਕਤ ਕੀਤੀ। ਰੰਗਾਰੰਗ ਤੇ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਸ਼ਬਦ ਗਾਇਨ, ਭਾਸ਼ਣ, ਕਵਿਤਾਵਾਂ ਤੇ ਗੀਤਾਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਡਾ: ਮਿੰਨੀ ਸ਼ਰਮਾ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਕੈਂਪ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ। ਐੱਮ.ਐੱਡ. ਵਿਦਿਆਰਥਣ ਅਸ਼ਮੀਤ ਭਾਟੀਆ ਤੇ ਬੀ.ਐੱਡ. ਵਿਦਿਆਰਥਣ ਅਮਨਪ੍ਰੀਤ ਕੌਰ ਨੂੰ ਸਰਬੋਤਮ ਐੱਨ.ਐੱਸ.ਐੱਸ. ਵਲੰਟੀਅਰ ਐਲਾਨਿਆ ਗਿਆ। ਕੈਂਪ ਦੀ ਸਮਾਪਤੀ ਮੌਕੇ ਪਨਗਰੇਨ ਚੇਅਰਮੈਨ ਪ੍ਰੋ: ਤੇਜਪਾਲ ਸਿੰਘ ਗਿੱਲ, ਯੂਥ ਵੈੱਲਫੇਅਰ ਕਲੱਬ ਮੋਗਾ-ਲੁਧਿਆਣਾ ਤੋਂ ਦਵਿੰਦਰ ਸਿੰਘ ਲੋਟੇ ਮੁੱਖ ਮਹਿਮਾਨ ਵਜੋਂ ਜਦਕਿ ਕਾਲਜ ਪ੍ਰਬੰਧਕੀ ਕਮੇਟੀ ਮੈਂਬਰ ਚਰਨਜੀਤ ਸਿੰਘ ਗਿੱਲ, ਡਾ: ਸੰਜੀਵ ਚੋਪੜਾ ਤੇ ਸੁਧਾਰ (ਪੱਤੀ ਗਿੱਲ) ਦੇ ਮਹਿਲਾ ਸਰਪੰਚ ਹਰਜਿੰਦਰ ਕੌਰ ਦੇ ਪਤੀ ਇੰਦਰਜੀਤ ਸਿੰਘ ਗਿੱਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਕਾਲਜ ਪ੍ਰਿੰ: ਡਾ: ਪਰਗਟ ਸਿੰਘ ਗਰਚਾ ਦੀ ਅਗਵਾਈ ਹੇਠ ਸਾਰੇ ਮਹਿਮਾਨਾਂ ਦਾ ਨਿੱਘਾ ਸਵਾਗਤ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰੋ: ਤੇਜਪਾਲ ਸਿੰਘ ਗਿੱਲ ਤੇ ਦਵਿੰਦਰ ਸਿੰਘ ਲੋਟੇ ਨੇ ਵਿਦਿਆਰਥੀਆਂ ਨੂੰ ਕੈਂਪ ਦੌਰਾਨ ਪ੍ਰਾਪਤ ਕੀਤੀਆਂ ਸਿੱਖਿਆਵਾਂ ਉੱਪਰ ਅਮਲ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰ: ਡਾ: ਪਰਗਟ ਸਿੰਘ ਗਰਚਾ ਨੇ ਵਲੰਟੀਅਰਜ਼ ਨੂੰ ਸਮਾਜਿਕ ਤੌਰ 'ਤੇ ਸਰਗਰਮ ਤੇ ਜ਼ਿੰਮੇਵਾਰ ਨਾਗਰਿਕ ਬਣਨ ਦੀ ਅਪੀਲ ਕੀਤੀ ਤੇ ਕੈਂਪ ਦੀ ਸਫ਼ਲਤਾ ਲਈ ਡਾ: ਮਿੰਨੀ ਸ਼ਰਮਾ, ਡਾ: ਜਗਜੀਤ ਸਿੰਘ ਤੇ ਸਮੂਹ ਵਲੰਟੀਅਰਜ਼ ਨੂੰ ਵਧਾਈ ਦਿੱਤੀ। ਸਮਾਗਮ ਦੇ ਅੰਤ ਵਿਚ ਡਾ: ਜਗਜੀਤ ਸਿੰਘ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।




**ਕਾਲਜ ਆਫ਼ ਐਜੂਕੇਸ਼ਨ ਗੁਰੂਸਰ ਸੁਧਾਰ ਵਿਖੇ ਪਨਗਰੇਨ ਚੇਅਰਮੈਨ ਪ੍ਰੋ: ਤੇਜਪਾਲ ਸਿੰਘ ਗਿੱਲ, ਦਵਿੰਦਰ ਸਿੰਘ ਲੋਟੇ, ਡਾ: ਸੰਜੀਵ ਚੋਪੜਾ ਦਾ ਸਨਮਾਨ ਕਰਦੇ ਪ੍ਰਿੰ: ਡਾ: ਪਰਗਟ ਸਿੰਘ ਗਰਚਾ, ਨਾਲ ਚਰਨਜੀਤ ਸਿੰਘ ਗਿੱਲ ਤੇ ਹੋਰ।** ਤਸਵੀਰ: ਬਲਵਿੰਦਰ ਸਿੰਘ ਧਾਲੀਵਾਲ



**ਸਨਮਤੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਮੌਕੇ ਪੂਜਾ ਕਰਦੇ ਹੋਏ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ, ਉੱਪ ਪ੍ਰਧਾਨ ਕਾਂਤਾ ਸਿੰਗਲਾ ਅਤੇ ਸਟਾਫ਼।** ਅਜੀਤ ਤਸਵੀਰ

# ਸਨਮਤੀ ਵਿਮਲ ਜੈਨ ਸਕੂਲ ਜਗਰਾਉਂ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਜਗਰਾਉਂ, 19 ਅਕਤੂਬਰ (ਵਿਨੋਦ ਕੁਮਾਰ)-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵਿਖੇ ਦੀਵਾਲੀ ਦਾ ਤਿਉਹਾਰ ਬਹੁਤ ਧੂਮਧਾਮ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਪੂਰੇ ਸਕੂਲ ਨੂੰ ਦੀਵਿਆਂ, ਮੋਮਬੱਤੀਆਂ ਅਤੇ ਰੰਗੋਲੀ ਨਾਲ ਸਜਾਇਆ ਗਿਆ ਸੀ। ਇਸ ਸਮੇਂ ਨਰਸਰੀ, ਐੱਲ.ਕੇ.ਜੀ, ਅਤੇ ਯੂ.ਕੇ.ਜੀ. ਕਲਾਸਾਂ ਦੇ ਬੱਚੇ ਖਾਸ ਤੌਰ 'ਤੇ ਰਾਮ ਜੀ, ਲਕਸ਼ਮਣ, ਹਨੂਮਾਨ, ਸੀਤਾ, ਗਣੇਸ਼, ਸਰਸਵਤੀ ਅਤੇ ਦੇਵੀ ਲਕਸ਼ਮੀ ਦੇ ਰੂਪ ਵਿਚ ਸਜੇ ਹੋਏ ਸਨ। ਇਸ ਮੌਕੇ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ, ਪ੍ਰਧਾਨ ਰਮੇਸ਼ ਜੈਨ, ਉੱਪ ਪ੍ਰਧਾਨ ਕਾਂਤਾ ਸਿੰਗਲਾ ਅਤੇ ਸੈਕਟਰੀ ਮਹਾਂਵੀਰ ਜੈਨ ਨੇ ਪਹਿਲਾਂ ਭਗਵਾਨ ਗਣੇਸ਼ ਅਤੇ ਦੇਵੀ ਲਕਸ਼ਮੀ ਦੀ ਆਰਤੀ ਕੀਤੀ ਅਤੇ ਵਿਦਿਆਰਥੀਆਂ ਨੇ 'ਰਾਮ ਜੀ ਕੀ ਨਿੱਕਲੀ ਸਵਾਰੀ' ਅਤੇ 'ਮੇਰੇ ਘਰ ਰਾਮ ਆਏ ਹੈ' ਗੀਤਾਂ 'ਤੇ ਨਾਚ ਪੇਸ਼ ਕੀਤੇ। ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਬੱਚਿਆਂ ਨੂੰ ਧੂੰਆਂ-ਮੁਕਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਗਿਆ ਅਤੇ ਬੱਚਿਆਂ ਨੇ ਪਟਾਕੇ ਨਾ ਚਲਾਉਣ ਦਾ ਪ੍ਰਣ ਵੀ ਲਿਆ। ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਬੱਚਿਆਂ ਅਤੇ ਸਟਾਫ਼ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਚਾਕਲੇਟ ਅਤੇ ਮਠਿਆਈਆਂ ਵੰਡੀਆਂ। ਇਸ ਮੌਕੇ ਰਜਨੀ ਰਿਹਾਨ, ਸ਼ਸ਼ੀ ਸ਼ਰਮਾ, ਸੋਨੀਆ ਕਪੂਰ, ਨਿਧੀ ਜੈਨ, ਸ਼ੈਲੀ ਗਾਬਾ, ਆਰਤੀ ਪਲਟਾ, ਪਰਮਜੀਤ ਕੌਰ, ਗੁਰਮੀਤ ਕੌਰ, ਜੋਤੀ ਰਾਣੀ ਆਦਿ ਹਾਜ਼ਰ ਸਨ।

# ਅੱਬੂਵਾਲ ਦੀ ਗੁਰਬਾਣੀ ਕੌਰ ਨੇ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ 'ਚ ਚਾਂਦੀ ਦਾ ਤਗਮਾ ਜਿੱਤਿਆ

ਗੁਰੂਸਰ ਸੁਧਾਰ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)-42ਵੀਂ ਰਾਸ਼ਟਰੀ ਸੀਨੀਅਰ ਰੋਇੰਗ ਚੈਂਪੀਅਨਸ਼ਿਪ ਵਿਚ ਪਹਿਲਾ ਸੋਨ ਤਗਮਾ ਜਿੱਤਣ ਵਾਲੀ ਪਿੰਡ ਅੱਬੂਵਾਲ ਦੀ ਗੁਰਬਾਣੀ ਕੌਰ ਨੇ ਇਕ ਹੋਰ ਇਤਿਹਾਸਕ ਉਪਲੱਬਧੀ ਹਾਸਲ ਕਰਦਿਆਂ ਅੱਜ ਵੀਅਤਨਾਮ ਦੇਸ਼ ਵਿਖੇ ਚੱਲ ਰਹੀ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ ਵਿਚ ਚਾਂਦੀ ਦਾ ਤਗਮਾ ਜਿੱਤ ਕੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਗੁਰਬਾਣੀ ਕੌਰ ਨੇ ਇਹ ਪ੍ਰਾਪਤੀ ਲਾਈਟਵੇਟ ਵੂਮੈਨ ਕਾਕਸਲੈੱਸ ਪੇਅਰ 'ਚ ਆਪਣੀ ਸਹਿਯੋਗੀ ਖਿਡਾਰਨ ਦਿਲਜੋਤ ਕੌਰ ਨਾਲ ਮਿਲ ਕੇ ਕੀਤੀ ਤੇ ਭਾਰਤ ਦੇਸ਼ ਦੀ ਝੋਲੀ ਚਾਂਦੀ ਦਾ ਤਗਮਾ ਜਿੱਤ ਕੇ ਇਤਿਹਾਸ ਰਚ ਦਿੱਤਾ। ਉਸ ਦੀ ਇਸ ਪ੍ਰਾਪਤੀ 'ਤੇ ਅੱਜ ਪਿੰਡ ਅੱਬੂਵਾਲ ਵਿਖੇ ਖ਼ੁਸ਼ੀ ਸਮੇਤ ਵਿਆਹ ਵਰਗਾ ਮਾਹੌਲ ਬਣ ਗਿਆ। ਪੰਜਾਬ ਪੁਲਿਸ ਵਿਚ ਨੌਕਰੀ ਕਰਦੇ ਗੁਰਬਾਣੀ ਕੌਰ ਦੇ ਪਿਤਾ ਜਸਵੀਰ ਸਿੰਘ ਤੇ ਪਰਿਵਾਰਕ ਮੈਂਬਰਾਂ ਨੂੰ ਪਿੰਡ ਸਮੇਤ ਇਲਾਕਾ ਨਿਵਾਸੀਆਂ ਵਲੋਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਪਿਤਾ ਜਸਵੀਰ ਸਿੰਘ ਜਿਥੇ ਅੱਬੂਵਾਲ ਸਪੋਰਟਸ ਕਲੱਬ ਦੇ ਪ੍ਰਧਾਨ ਤੇ ਫੁੱਟਬਾਲ ਕੋਚ ਹਨ, ਉਥੇ ਆਈ.ਟੀ.ਬੀ.ਪੀ. ਵਿਚ ਤਾਇਨਾਤ ਗੁਰਬਾਣੀ ਕੌਰ ਹੁਣ ਤੱਕ ਰੋਇੰਗ ਖੇਡ ਅੰਦਰ ਸੂਬਾਈ ਤੇ ਰਾਸ਼ਟਰੀ ਪੱਧਰ 'ਤੇ ਕਾਫ਼ੀ ਨਾਮਣਾ ਖੱਟ ਚੁੱਕੀ ਹੈ। ਗੁਰਬਾਣੀ ਕੌਰ ਦੀ ਇਸ ਪ੍ਰਾਪਤੀ ਨੂੰ ਇਤਿਹਾਸਕ ਕਰਾਰ ਦਿੰਦਿਆਂ ਪਿੰਡ ਦੇ ਸਰਪੰਚ ਜਸਵੀਰ ਸਿੰਘ ਨੇ ਕਿਹਾ ਕਿ ਗੁਰਬਾਣੀ ਕੌਰ ਨੇ ਪਿੰਡ ਨੂੰ ਵੱਡਾ ਮਾਣ ਦਿਵਾਇਆ ਹੈ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤ ਜਿਥੇ ਗੁਰਬਾਣੀ ਕੌਰ ਦਾ ਵਿਸ਼ੇਸ਼ ਸਨਮਾਨ ਕਰੇਗੀ ਉਥੇ ਪਿੰਡ ਦੇ ਪੜ੍ਹਾਈ ਤੇ ਖੇਡਾਂ ਦੇ ਖੇਤਰ ਵਿਚ ਨਾਮਣਾ ਖੱਟਣ ਵਾਲੇ ਬੱਚੇ-ਬੱਚੀਆਂ ਦੀ ਉਸ ਖੇਤਰ ਵਿਚ ਅੱਗੇ ਵਧਣ ਲਈ ਹਰ ਸੰਭਵ ਮਦਦ ਪ੍ਰਦਾਨ ਕਰੇਗੀ। ਸਰਪੰਚ ਜਸਵੀਰ ਸਿੰਘ, ਸਾਬਕਾ ਸਰਪੰਚ ਰਵਿੰਦਰ ਸਿੰਘ, ਡਾ: ਭਗਵੰਤ ਸਿੰਘ, ਕਰਨਲ ਜੋਰਾ ਸਿੰਘ, ਗਿਆਨੀ ਹਰਭਜਨ ਸਿੰਘ, ਦਵਿੰਦਰ ਸਿੰਘ ਧਾਲੀਵਾਲ ਆਦਿ ਸਮੇਤ ਹੋਰਨਾਂ ਪਿੰਡ ਵਾਸੀਆਂ ਨੇ ਗੁਰਬਾਣੀ ਕੌਰ ਤੇ ਉਸ ਦੇ ਪਿਤਾ, ਪਰਿਵਾਰਕ ਮੈਂਬਰਾਂ ਨੂੰ ਹਾਰਦਿਕ ਵਧਾਈ ਦਿੱਤੀ ਹੈ।



**ਵੀਅਤਨਾਮ ਵਿਖੇ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ ਵਿਚ ਚਾਂਦੀ ਦਾ ਤਗਮਾ ਜਿੱਤਣ ਵਾਲੀ ਅੱਬੂਵਾਲ ਦੀ ਗੁਰਬਾਣੀ ਕੌਰ (ਸੱਜੇ) ਆਪਣੀ ਸਹਿਯੋਗੀ ਖਿਡਾਰਨ ਦਿਲਜੋਤ ਕੌਰ ਨਾਲ।** ਅਜੀਤ ਤਸਵੀਰ



**ਸਵ: ਕਾਮਰੇਡ ਬੀਬੀ ਹਰਜਿੰਦਰ ਕੌਰ ਦੀ ਅੰਤਿਮ ਵਿਦਾਇਗੀ ਸਮੇਂ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਸ਼ਰਧਾਂਜਲੀ ਦੇਣ ਸਮੇਂ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੂਬਾ ਸਕੱਤਰ ਕਾਮਰੇਡ ਸਤਨਾਮ ਸਿੰਘ ਬੜੈਚ, ਡਾ. ਗੁਰਬਿੰਦਰ ਸਿੰਘ ਤੇ ਹੋਰ ਪਰਿਵਾਰਿਕ ਮੈਂਬਰ।** ਤਸਵੀਰ: ਮੇਜਰ ਹੰਬੜਾਂ

# ਕਾਮਰੇਡ ਹਰਜਿੰਦਰ ਕੌਰ ਨੂੰ ਸੇਜ਼ਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

ਹੰਬੜਾਂ, 19 ਅਕਤੂਬਰ (ਮੇਜਰ ਹੰਬੜਾਂ)-ਸੀ.ਪੀ.ਆਈ. (ਐੱਮ) ਦੀ ਜਗਰਾਉਂ ਤਹਿਸੀਲ ਕਮੇਟੀ, ਲੁਧਿਆਣਾ ਜ਼ਿਲ੍ਹਾ ਕਮੇਟੀ ਮੈਂਬਰ, ਕੁੱਲ ਹਿੰਦ ਜਨਵਾਦੀ ਇਸਤਰੀ ਸਭਾ ਦੀ ਜ਼ਿਲ੍ਹਾ ਪ੍ਰਧਾਨ ਅਤੇ ਸੂਬਾਈ ਮੀਤ ਪ੍ਰਧਾਨ ਬੀਬੀ ਹਰਜਿੰਦਰ ਕੌਰ ਪਤਨੀ ਕਾਮਰੇਡ ਗੁਰਮੇਲ ਸਿੰਘ ਮੰਡ ਤਹਿਸੀਲ ਸਕੱਤਰ ਸੀ.ਪੀ.ਆਈ (ਐੱਮ) ਜਗਰਾਉਂ ਜਿਨ੍ਹਾਂ ਦਾ ਕੱਲ੍ਹ ਸੰਖੇਪ ਬਿਮਾਰੀ ਉਪਰੰਤ ਦਿਹਾਂਤ ਹੋ ਗਿਆ ਸੀ, ਨੂੰ ਅੱਜ ਪਿੰਡ ਵਲੀਪੁਰ ਕਲਾਂ ਵਿਖੇ ਅੰਤਿਮ ਵਿਦਾਇਗੀ ਦਿੱਤੀ ਗਈ। ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਸੂਬਾ ਸਕੱਤਰ, ਸਤਨਾਮ ਸਿੰਘ ਵੜੈਚ ਸਕੱਤਰੇਤ ਮੈਂਬਰ, ਡਾ: ਗੁਰਵਿੰਦਰ ਸਿੰਘ ਸੂਬਾ ਕਮੇਟੀ ਮੈਂਬਰ, ਕ੍ਰਿਪਾਲ ਸਿੰਘ ਪਮਾਲੀ, ਤੇਜਾ ਸਿੰਘ ਵੜੈਚ, ਕਰਤਾਰ ਸਿੰਘ ਖੈਹਰਾ ਬੇਟ, ਬੱਬਲ, ਬੂਟਾ ਸਿੰਘ ਹਾਂਸ, ਮੱਘਰ ਸਿੰਘ ਵਲੀਪੁਰ ਅਤੇ ਹੋਰ ਮੌਜੂਦ ਪਾਰਟੀ ਮੈਂਬਰਾਂ ਨੇ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਪਾਰਟੀ ਦਾ ਲਾਲ ਝੰਡਾ ਪਾਇਆ। ਕਾਮਰੇਡ ਬੀਬੀ ਹਰਜਿੰਦਰ ਕੌਰ ਨੂੰ ਸ਼ਰਧਾਂਜਲੀ ਦਿੰਦੇ ਹੋਏ ਕਾਮਰੇਡ ਸੇਖੋਂ ਨੇ ਕਿਹਾ ਕਿ ਉਨ੍ਹਾਂ ਦਾ ਸਾਰਾ ਪਰਿਵਾਰ ਲੰਬੇ ਸਮੇਂ ਤੋਂ ਸੀ.ਪੀ.ਆਈ (ਐੱਮ) ਨਾਲ ਜੁੜਿਆ ਹੋਇਆ ਹੈ ਅਤੇ ਕਾਮਰੇਡ ਹਰਜਿੰਦਰ ਕੌਰ ਨੇ ਸਾਰੀ ਉਮਰ ਪਾਰਟੀ ਵਿਚ ਰਹਿੰਦਿਆਂ ਪਾਰਟੀ ਦੀ ਸੇਵਾ ਨੂੰ ਸਮਰਪਿਤ ਰਹੇ। ਇਸ ਦੁੱਖ ਦੀ ਘੜੀ 'ਚ ਸਰਪੰਚ ਹਰਦਿਆਲ ਸਿੰਘ ਗੋਲਾ, ਸਾਬਕਾ ਸਰਪੰਚ ਉਜਾਗਰ ਸਿੰਘ, ਪ੍ਰਧਾਨ ਪਰਮਿੰਦਰ ਸਿੰਘ ਚਾਵਲਾ, ਵਿਸਾਖਾ ਸਿੰਘ ਗਰੇਵਾਲ, ਜਗਜੀਵਨ ਸਿੰਘ ਝੱਜ, 'ਆਪ' ਆਗੂ ਬਲਵੀਰ ਸਿੰਘ ਬਿੱਟੂ, ਨੰਬਰਦਾਰ ਗੁਰਚਰਨ ਸਿੰਘ, ਸਾਬਕਾ ਸਰਪੰਚ ਭੁਪਿੰਦਰਪਾਲ ਸਿੰਘ ਚਾਵਲਾ, ਪ੍ਰਭਜੀਤ ਸਿੰਘ ਚਾਵਲਾ, ਮੁਨਸ਼ੀ ਸਿੰਘ ਅਹੂਜਾ, ਪੰਚ ਭਗਵੰਤ ਸਿੰਘ ਹਾਂਸ, ਡਾ. ਨੌਰੰਗ ਸਿੰਘ ਚੀਮਾ, ਸਾਵਣ ਸਿੰਘ ਧਾਲੀਵਾਲ ਆਦਿ ਨੇ ਵੀ ਦੁੱਖ ਸਾਂਝਾ ਕੀਤਾ। ਪੰਚ ਨਿਰਮਲ ਸਿੰਘ ਨਿੰਮਾ ਨੇ ਦੱਸਿਆ ਹੈ ਕਿ ਸਵ: ਮਾਤਾ ਹਰਜਿੰਦਰ ਕੌਰ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ 26 ਅਕਤੂਬਰ 2025, ਦਿਨ ਐਤਵਾਰ ਨੂੰ ਪਿੰਡ ਵਲੀਪੁਰ ਕਲਾਂ 'ਚ ਪਾਏ ਜਾਣਗੇ।


## ਮਿੱਠੀ ਯਾਦ ਵਿੱਚ



**ਸਵ.ਸ. ਵੱਸਣ ਸਿੰਘ ਜੀ ਧੰਜਲ**
**20-05-1929 - 20-10-2007**

ਕੇ ਡਬਲਯੂ ਗਰੁੱਪ ਦੇ ਬਾਨੀ ਅਤੇ ਸਾਇਕਲ ਇੰਡਸਟਰੀ ਦੇ ਪਿਤਾਮਾ **ਸ. ਵੱਸਣ ਸਿੰਘ ਜੀ ਧੰਜਲ** ਜੋ ਅੱਜ ਦੇ ਦਿਨ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦਾ ਸਾਡੇ ਲਈ ਦਿਲ ਦੀਆਂ ਗਹਿਰਾਈਆਂ ਤੋਂ ਪਿਆਰ ਅਤੇ ਮਨੁੱਖੀ ਏਕਤਾ ਅਤੇ ਪਰਿਵਾਰ ਪ੍ਰਤੀ ਦੇਣ ਸਾਡੇ ਦਿਲਾਂ ਵਿਚ ਹਰ ਸਮੇਂ ਉਹਨਾਂ ਦੀ ਯਾਦ ਤਾਜ਼ਾ ਕਰਦੀ ਰਹੇਗੀ। ਉਹ ਇਕ ਮਹਾਨ ਵਿਅਕਤੀ ਸਨ ਜਿਨ੍ਹਾਂ ਨੇ ਗਰੀਬ ਅਤੇ ਪਰਿਵਾਰ ਪ੍ਰਤੀ ਭਲਾਈ ਨੂੰ ਸਦਾ ਮੁੱਖ ਰੱਖਿਆ। ਉਹਨਾਂ ਦੀ 18ਵੀਂ ਬਰਸੀ 'ਤੇ ਅਸੀਂ ਉਹਨਾਂ ਦੇ ਚਰਨਾਂ ਵਿਚ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਵਾਹਿਗੁਰੂ ਕੋਲ ਅਰਦਾਸ ਕਰਦੇ ਹਾਂ ਕਿ ਉਹਨਾਂ ਦੀ ਆਤਮਾ ਨੂੰ ਸ਼ਾਂਤੀ ਪ੍ਰਦਾਨ ਕਰਨ ਅਤੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ।

• ਮਿੱਠੀ ਯਾਦ ਵਿੱਚ •

**K.W. ENGG. WORKS (REGD.)**
B-11, Focal Point, Ludhiana Ph: 2670051-52


ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਨਹਿਰੂ ਗਾਰਡਨ ਰੋਡ ਜਲੰਧਰ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: 7107/59

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Nehru Garden Road, Jalandhar
RNI Regd. No:- 7107/59


